# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :25-02-2026**

ਪੰਜਾਬ ਪੁਲਿਸ ਨੇ ਗੁਰਦਾਸਪੁਰ ਵਿਚ ਦੋ ਪੁਲਿਸ ਕਰਮੀਆਂ ਦੀ ਹੱਤਿਆ ਦੇ ਮਾਮਲੇ ਚ ਇੱਕ ਮੁਜ਼ਰਮ ਨੂੰ ਮੁਕਾਬਲੇ ਦੌਰਾਨ ਮਾਰ ਮੁਕਾਇਆ ਏ ਜਦਕਿ ਇਕ ਹੋਰ ਨੂੰ ਗ੍ਰਿਫ਼ਤਾਰ ਕੀਤਾ ਏ। ਮੁਕਾਬਲੇ ਦੌਰਾਨ ਤਿੰਨ ਤੋਂ ਚਾਰ ਪੁਲਿਸ ਮੁਲਾਜ਼ਮ ਜ਼ਖਮੀ ਹੋਏ ਨੇ, ਜਿਨ੍ਹਾਂ ਚੋਂ ਇਕ ਸੀਆਈਏ ਸਟਾਫ ਇੰਚਾਰਜ ਗੁਰਮੀਤ ਸਿੰਘ ਏ, ਜੋ ਗੁਰਦਾਸਪੁਰ ਦੇ ਸਿਵਲ ਹਸਪਤਾਲ ਵਿਚ ਇਲਾਜ ਅਧੀਨ ਏ। ਇਸ ਬਾਰੇ ਡਿੰਡੀਆ ਸਰਕਾਰੀ ਹਸਪਤਾਲ ਦੇ ਡਾ. ਮਾਣਿਕ ਕਪੂਰ ਨੇ ਦੱਸਿਆ ਕਿ ਅੱਜ ਤੜਕੇ ਚਾਰ ਸਿਪਾਹੀ ਮੁੱਢਲੀ ਸਹਾਇਤਾ ਲਈ ਆਏ, ਜਿਨ੍ਹਾਂ ਦੀ ਹਾਲਤ ਵਿਚ ਸੁਧਾਰ ਹੋਣ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ। ਇਸ ਸਬੰਧੀ ਹੋਰ ਵੇਰਵਿਆਂ ਦੀ ਉਡੀਕ ਏ। ਜ਼ਿਕਰਯੋਗ ਏ ਕਿ ਗੁਰਦਾਸਪੁਰ ਦੇ ਸਰਹੱਦੀ ਪਿੰਡ ਆਦੀਆਂ ਵਿਚ ਇੱਕ ਪੁਲਿਸ ਚੋਕੀ ਚ ਸਹਾਇਕ ਸਬ-ਇੰਸਪੈਕਟਰ

ਗੁਰਨਾਮ ਸਿੰਘ ਤੇ ਹੋਮ ਗਾਰਡ ਅਸ਼ੋਕ ਕੁਮਾਰ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ

---------------------------------------------------------------------------

ਬੀਤੇ ਦਿਨ ਝਾਰਖੰਡ ਦੇ ਰਾਂਚੀ ਵਿਖੇ ਏਅਰ ਐਂਬੂਲੈਂਸ ਹਾਦਸੇ ਚ ਮਰੀਜ਼ ਤੇ ਜਹਾਜ਼ ਅਮਲੇ ਸਮੇਤ 7 ਹੋਰਾਂ ਨਾਲ ਜਾਨ ਗਵਾਉਣ ਵਾਲੇ ਅੰਮ੍ਰਿਤਸਰ ਵਾਸੀ ਕੈਪਟਨ ਸਵਰਾਜਦੀਪ ਸਿੰਘ ਦਾ ਅਜ ਸਵੇਰੇ ਗੁਰਦੁਆਰਾ ਸ਼ਹੀਦਾਂ ਸਾਹਿਬ ਨੇੜਲੇ ਸ਼ਮਸ਼ਾਨਘਾਟ ਵਿਖੇ ਅੰਤਿਮ ਸੰਸਕਾਰ ਕਰ ਦਿਤਾ ਗਿਆ। ਇਸ ਮੌਕੇ ਪਰਿਵਾਰਕ ਮੈਂਬਰ, ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ, ਵਿਧਾਇਕ ਇੰਦਰਬੀਰ ਸਿੰਘ ਨਿੱਜਰ ਸਮੇਤ ਸ਼ਹਿਰਵਾਸੀਆਂ ਨੇ ਨਮ ਅੱਖਾਂ ਨਾਲ ਸਵਰਾਜਦੀਪ ਨੂੰ ਅੰਤਿਮ ਵਿਦਾਇਗੀ ਦਿੱਤੀ । ਕੈਪਟਨ ਸਵਰਾਜਦੀਪ ਸਿੰਘ ਬਤੌਰ ਸਹਾਇਕ-ਪਾਇਲਟ ਚਾਲਕ ਦਲ ਦਾ ਹਿੱਸਾ ਸਨ। ਇਸੇ ਦੌਰਾਨ ਲੋਕ ਸਭਾ ਮੈਂਬਰ ਔਜਲਾ ਨੇ DGCA ਤੋਂ ਮਾਮਲੇ ਦੀ ਜਾਂਚ ਦੀ ਕੀਤੀ ਮੰਗ ਏ ।

---------------------------------------------------------------------------

ਚੰਡੀਗੜ੍ਹ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਦੇ ਦੌਰੇ ਦੌਰਾਨ ਪੰਜਾਬ ਦੇ ਰਾਜਪਾਲ ਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸਰਕਾਰੀ ਹਸਪਤਾਲਾਂ ਵਿੱਚ ਸਿਹਤ ਸੇਵਾਵਾਂ ਨੂੰ ਹੋਰ

ਮਜ਼ਬੂਤ ਕਰਕੇ ਬਿਹਤਰ ਰੋਗੀ ਦੇਖਭਾਲ਼ ਯਕੀਨੀ ਬਣਾਉਣ ਲਈ ਮਾਹਰ ਡਾਕਟਰਾਂ ਦੀ ਉਪਲਬਧਤਾ ਵਧਾਉਣ 'ਤੇ ਜ਼ੋਰ ਦਿੱਤਾ। ਉਹਨਾਂ ਨਿਰਦੇਸ਼ ਦਿੱਤਾ ਕਿ ਹਸਪਤਾਲਾਂ ਨੂੰ ਮਜ਼ਬੂਤ ਸੈਕੰਡਰੀ ਸਿਹਤ ਸੰਭਾਲ਼ ਕੇਂਦਰਾਂ ਦੇ ਰੂਪ ਵਿੱਚ ਕਾਰਜ ਕਰਨਾ ਚਾਹੀਦਾ ਏ ਤਾਕਿ ਆਮ ਜਨਤਾ ਨੂੰ ਸੁਲਭ ਮਾਹਰ ਸੇਵਾਵਾਂ ਉਪਲਬਧ ਹੋ ਸਕਣ। ਇਹਨਾਂ ਨਿਰਦੇਸ਼ਾਂ ਤੇ ਸਿਹਤ ਵਿਭਾਗ, ਯੂ. ਟੀ. ਚੰਡੀਗੜ੍ਹ ਨੇ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਪਹਿਲ ਕਰਦੇ ਹੋਏ ਸ਼ੁਰੂ ਵਿੱਚ ਸਰਕਾਰੀ ਮਲਟੀ-ਸਪੈਸ਼ਲਿਟੀ ਹਸਪਤਾਲ-16 ਵਿਚ ਸ਼ਾਮ 5 ਵਜੇ ਤੋਂ ਸ਼ਾਮ 7 ਵਜੇ ਤੱਕ ਓਪੀਡੀ ਸੇਵਾ ਅਰੰਭ ਕੀਤੀ, ਜਿਸ ਦੇ ਪਹਿਲੇ ਦਿਨ ਕੁੱਲ 25 ਮਰੀਜ਼ਾਂ ਦਾ ਇਲਾਜ ਕੀਤਾ ਗਿਆ।

--------------------------------------------------------------------------------

ਲੋਕ ਹੁਣ ਸੂਬੇ ਭਰ ਦੇ ਸੇਵਾ ਕੇਂਦਰਾਂ ਵਿੱਚ ਸਿਰਫ਼ ਆਧਾਰ ਅਤੇ ਵੋਟਰ ਕਾਰਡ ਨਾਲ ਮੁੱਖ ਮੰਤਰੀ ਸਿਹਤ ਯੋਜਨਾ ਦੀ ਤੁਰੰਤ ਰਜਿਸਟ੍ਰੇਸ਼ਨ ਕਰਵਾ ਸਕਦੇ ਨੇ। ਇਸ ਸਬੰਧੀ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਡਿਪਟੀ ਕਮਿਸ਼ਨਰਾਂ ਨਾਲ ਇਕ ਉੱਚ ਪੱਧਰੀ ਵਰਚੁਅਲ ਮੀਟਿੰਗ ਦੌਰਾਨ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਅਧਿਕਾਰੀਆਂ ਨੂੰ ਰਵਾਇਤੀ ਤਰੀਕਿਆਂ ਤੋਂ ਹਟ ਕੇ ਰਜਿਸਟ੍ਰੇਸ਼ਨ ਮੁਹਿੰਮ ਦਾ ਵਿਸਥਾਰ

ਕਰਨ ਦੇ ਨਿਰਦੇਸ਼ ਦਿੱਤੇ । ਉਨ੍ਹਾਂ ਕਿਹਾ ਕਿ ਕੋਈ ਵੀ ਪੰਜਾਬ ਨਿਵਾਸੀ ਜਿਸ ਕੋਲ ਆਧਾਰ ਕਾਰਡ ਅਤੇ ਵੋਟਰ ਆਈ.ਡੀ. ਏ , ਉਹ ਇਸ ਯੋਜਨਾ ਵਿੱਚ ਨਾਮ ਦਰਜ ਕਰਵਾਉਣ ਲਈ ਕਿਸੇ ਵੀ ਕਾਮਨ ਸਰਵਿਸ ਸੈਂਟਰ ਜਾਂ ਨਿਰਧਾਰਤ ਰਜਿਸਟ੍ਰੇਸ਼ਨ ਕੈਂਪ ਵਿੱਚ ਜਾ ਸਕਦਾ ਏ । ਯੋਜਨਾ ਦੇ 100 ਫੀਸਦੀ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਸਿਹਤ ਮੰਤਰੀ ਨੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਰਾਜ ਦੇ ਮਾਨਤਾ ਪ੍ਰਾਪਤ ਸਮਾਜਿਕ ਸਿਹਤ ਕਰਮੀਆਂ ਤੇ ਆਂਗਣਵਾੜੀ ਵਰਕਰਾਂ ਦੇ ਵਿਆਪਕ ਨੈੱਟਵਰਕ ਨੂੰ ਸਰਗਰਮ ਕਰਨ ਦੇ ਨਿਰਦੇਸ਼ ਦਿੱਤੇ ।

--------------------------------------------------------------------------------

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਹੋਲਾ ਮੁਹੱਲਾ ਜਸ਼ਨਾਂ ਨੂੰ ਸਿੰਗਲ-ਯੂਜ਼ ਪਲਾਸਟਿਕ ਤੋਂ ਮੁਕਤ ਬਣਾਉਣ ਲਈ ਇੱਕ ਵਿਸ਼ੇਸ਼ ਪਹਿਲਕਦਮੀ ਸ਼ੁਰੂ ਕੀਤੀ ਏ । ਇਸ ਵਾਤਾਵਰਣ ਅਨੁਕੂਲ ਪਹਿਲਕਦਮੀ ਨੂੰ ਸ਼੍ਰੋਮਣੀ ਕਮੇਟੀ ਦੁਆਰਾ ਵੀ ਸਮਰਥਨ ਦਿੱਤਾ ਗਿਆ ਏ। ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਮੈਂਬਰ ਸਕੱਤਰ, ਡਾ. ਲਵਨੀਤ ਕੁਮਾਰ ਦੂਬੇ ਨੇ ਵੇਰਵੇ ਸਾਂਝੇ ਕਰਦੇ ਹੋਏ ਆਕਾਸ਼ਵਾਣੀ ਪੱਤਰਕਾਰ ਨੂੰ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਸਾਰੀਆਂ ਲੰਗਰ ਕਮੇਟੀਆਂ ਨੂੰ ਸਿੰਗਲ ਯੂਜ਼ ਪਲਾਸਟਿਕ ਬੰਦ ਕਰਨ ਤੇ ਇਸ ਨੂੰ ਸਟੀਲ ਜਾਂ

ਬਾਇਓਡੀਗ੍ਰੇਡੇਬਲ ਭਾਂਡਿਆਂ ਨਾਲ ਬਦਲਣ ਦੀ ਅਪੀਲ ਕੀਤੀ ਏ । ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਐਲਾਨ ਕੀਤਾ ਏ ਕਿ ਇਸ ਤਿਉਹਾਰ ਦੌਰਾਨ ਤੇ ਬਾਅਦ ਚ ਵੀ ਅਜਿਹੇ ਵੱਡੇ ਧਾਰਮਿਕ ਇਕੱਠਾਂ ਲਈ ਲੰਗਰ ਪ੍ਰਬੰਧਕਾਂ ਨੂੰ ਬਾਇਓਡੀਗ੍ਰੇਡੇਬਲ ਪਲੇਟਾਂ ਤੇ ਕਟੋਰੇ ਮੁਫਤ ਪ੍ਰਦਾਨ ਕੀਤੇ ਜਾਣਗੇ । ਹੋਲਾ-ਮੁਹੱਲਾ 27 ਫਰਵਰੀ ਤੋਂ 3 ਮਾਰਚ ਤੱਕ ਆਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਵਿਖੇ ਮਨਾਇਆ ਜਾ ਰਿਹਾ ਏ ।

---------------------------------------------------------------------------

ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਦੇ ਸਹਿਯੋਗ ਨਾਲ ਪੰਜਾਬ ਜਾਗ੍ਰਿਤੀ ਮੰਚ ਵੱਲੋਂ ਕੌਮਾਂਤਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਮਾਂ ਬੋਲੀ ਪੰਜਾਬੀ ਮਾਰਚ ਭਲਕੇ 26 ਫਰਵਰੀ ਨੂੰ ਕੱਢਿਆ ਜਾ ਰਿਹਾ ਏ । ਇਸ ਬਾਰੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਤੇ ਪੰਜਾਬ ਜਾਗ੍ਰਿਤੀ ਮੰਚ ਦੇ ਜਨਰਲ ਸਕੱਤਰ ਦੀਪਕ ਬਾਲੀ ਨੇ ਦੱਸਿਆ ਕਿ ਇਸ ਉਪਰਾਲੇ ਦਾ ਮਕਸਦ ਨੌਜਵਾਨਾਂ ਵਿੱਚ ਮਾਂ ਬੋਲੀ ਪੰਜਾਬੀ ਪ੍ਰਤੀ ਸਤਿਕਾਰ, ਪਿਆਰ ਤੇ ਜਾਗਰੂਕਤਾ ਪੈਦਾ ਕਰਨਾ ਏ । ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਨੇ ਦੱਸਿਆ ਕਿ ਇਹ ਮਾਰਚ ਲਾਇਲਪੁਰ ਖਾਲਸਾ ਸਕੂਲ ਤੋਂ ਸ਼ੁਰੂ

ਹੋ ਕੇ ਦੇਸ਼ ਭਗਤ ਯਾਦਗਾਰ ਹਾਲ ਨੇੜੇ ਸੱਭਿਆਚਾਰਕ ਸਮਾਗਮ ਨਾਲ ਸਮਾਪਤ ਹੋਵੇਗਾ।

-----------------------------------------------------------------------

ਸੂਬਾ ਪੱਧਰੀ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਲਗਾਏ ਸਿਹਤ ਜਾਂਚ ਕੈਂਪਾਂ ਦੌਰਾਨ 16,000 ਤੋਂ ਵੱਧ ਬਜ਼ੁਰਗ ਨਾਗਰਿਕਾਂ ਨੂੰ ਰਜਿਸਟਰਡ ਕਰਕੇ ਉਨ੍ਹਾਂ ਨੂੰ ਸਰਕਾਰੀ ਭਲਾਈ ਸਹੂਲਤਾਂ ਨਾਲ ਜੋੜਿਆ ਗਿਆ ਏ। ਇਸ ਸਬੰਧੀ ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੀਨੀਅਰ ਸਿਟੀਜਨ ਐਕਸ਼ਨ ਪਲਾਨ ਅਧੀਨ ਵਿੱਤੀ ਸਾਲ 2025–26 ਦੌਰਾਨ ਬਜ਼ੁਰਗਾਂ ਲਈ ਲਗਾਏ ਜਾਣ ਵਾਲੇ ਸਿਹਤ ਚੈਕਅੱਪ ਕੈਂਪਾਂ ਤੇ ਹੋਰ ਸੰਬੰਧਿਤ ਗਤੀਵਿਧੀਆਂ ਲਈ ₹7.86 ਕਰੋੜ ਦਾ ਬਜਟ ਉਪਬੰਧ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਅਲੀਮਕੋ ਸਕੀਮ ਤਹਿਤ 243 ਬਜ਼ੁਰਗ ਨਾਗਰਿਕ ਰਜਿਸਟਰਡ ਹੋਏ, ਜਿਨ੍ਹਾਂ ਵਿੱਚੋਂ 89 ਨੂੰ ਵੀਲ੍ਹਚੇਅਰ, ਐਨਕਾਂ ਤੇ ਸੁਣਨ ਯੰਤਰ ਪ੍ਰਦਾਨ ਕੀਤੇ ਗਏ। ਇਸ ਤੋਂ ਇਲਾਵਾ 355 ਬਜ਼ੁਰਗਾਂ ਦੇ ਬੁਢਾਪਾ ਪੈਨਸ਼ਨ ਫਾਰਮ ਤਿਆਰ ਕੀਤੇ ਗਏ ਤੇ 393 ਨੂੰ ਸੀਨੀਅਰ ਸਿਟੀਜ਼ਨ ਕਾਰਡ ਜਾਰੀ ਕੀਤੇ ਗਏ।